ਵਲੋਂ

ਜ਼ਿਲ੍ਹਾ ਭਾਸ਼ਾ ਅਫਸਰ,
ਜਲੰਧਰ।

ਸੇਵਾ ਵਿਖੇ

ਪੱਤਰ ਨੰ:ਪ੍ਰਚਾਲਣ/ 573-578 ਮਿਤੀ:ਜਲੰਧਰ 2014 2-12-14

ਵਿਸ਼ਾ: **ਰਾਜ ਪ੍ਰਸ਼ਾਸਨ ਵਿੱਚ ਰਾਜ ਭਾਸ਼ਾ ਪੰਜਾਬੀ ਦੀ ਵਰਤੋਂ ਬਾਰੇ।**

ਸ੍ਰੀਮਾਨ/ਸ੍ਰੀਮਤੀ ਜੀ

ਉਪਰੋਕਤ ਵਿਸ਼ੇ ਸਬੰਧੀ ਮੈਂ ਆਪ ਜੀ ਦਾ ਧਿਆਨ ਪੰਜਾਬ ਰਾਜ ਭਾਸ਼ਾ ਐਕਟ 1967 ਅਤੇ ਪੰਜਾਬ ਰਾਜ ਭਾਸ਼ਾ(ਤਰਮੀਮ) ਐਕਟ 2008 ਵੱਲ ਦਿਵਾ ਕੇ ਆਪ ਜੀ ਨੂੰ ਆਪਣੇ ਦਫਤਰ ਵਿੱਚ ਪੰਜਾਬ ਸਰਕਾਰ ਦੀਆਂ ਹਦਾਇਤਾਂ ਮੁਤਾਬਿਕ ਇਨ੍ਹਾਂ ਐਕਟਾਂ ਦੀ ਪਾਲਣਾ ਕਰਨ ਅਤੇ ਰਾਜ ਭਾਸ਼ਾ ਪੰਜਾਬੀ ਨੂੰ ਇੰਨ-ਬਿੰਨ ਲਾਗੂ ਕਰਕੇ ਆਪਣੇ ਅਧੀਨ ਸਮੁੱਚੇ ਦਫਤਰ ਦਾ ਕੰਮ ਰਾਜ ਭਾਸ਼ਾ ਪੰਜਾਬੀ ਵਿੱਚ ਕਰਨ ਲਈ ਪੰਜਾਬ ਸਰਕਾਰ ਦੇ ਹੁਕਮ ਦੀ ਪਾਲਣ ਕਰਨ ਲਈ ਬੇਨਤੀ ਕਰਦੀ ਹਾਂ।

ਸਰਕਾਰ ਦੇ ਧਿਆਨ ਵਿੱਚ ਖ਼ਾਸ ਕਰਕੇ ਮਾਣਯੋਗ ਮੁੱਖ ਮੰਤਰੀ.ਪੰਜਾਬ ਜੀ ਦੇ ਧਿਆਨ ਵਿੱਚ ਇਹ ਤੱਥ ਲਿਆਂਦੇ ਗਏ ਹਨ ਕਿ ਕੁਝ ਅਫਸਰ ਅਤੇ ਅਧੀਨ ਸਟਾਫ ਅਜੇ ਵੀ ਆਪਣੇ ਸਰਕਾਰੀ ਕੰਮ ਕਾਰਜ ਵਿੱਚ ਅੰਗਰੇਜ਼ੀ ਦੀ ਵਰਤੋਂ ਕਰਦੇ ਹਨ। ਇਸ ਗੱਲ ਦਾ ਪੰਜਾਬ ਸਰਕਾਰ ਵਿਸ਼ੇਸ਼ ਤੌਰ ਤੇ ਮਾਣਯੋਗ ਮੁੱਖ ਮੰਤਰੀ,ਪੰਜਾਬ ਜੀ ਵੱਲੋਂ ਸਖ਼ਤ ਨੋਟਿਸ ਲਿਆ ਗਿਆ ਹੈ। ਇਸ ਸਬੰਧੀ ਸਰਕਾਰ ਵਲੋਂ ਸਮੇਂ ਸਮੇਂ ਜਾਰੀ ਹਦਾਇਤਾਂ ਮੁਤਾਬਕ ਦਫਤਰੀ ਕੰਮ ਕਾਰਜ ਪੰਜਾਬੀ ਵਿੱਚ ਕਰਨ ਨੂੰ ਯਕੀਨੀ ਬਣਾਇਆ ਜਾਵੇ ਅਤੇ ਇਸ ਸਬੰਧੀ ਕਿਸੇ ਵੀ ਅਣਗਹਿਲੀ ਹੋਣ ਦੀ ਸੂਰਤ ਵਿੱਚ ਸਬੰਧਤ ਅਧਿਕਾਰੀ/ਕਰਮਚਾਰੀ ਖ਼ਿਲਾਫ ਸੁਖਤ ਕਾਰਵਾਈ ਕਰਨੀ ਮੁੱਖ ਅਧਿਕਾਰੀ ਦੀ ਨਿੱਜੀ ਜ਼ਿੰਮੇਵਾਰੀ ਹੈ। ਮਾਣਯੋਗ ਮੁੱਖ ਮੰਤਰੀ ਜੀ ਨੇ ਅੱਗੋਂ ਆਦੇਸ਼ ਦਿੱਤੇ ਹਨ ਕਿ ਇਨ੍ਹਾਂ ਹਦਾਇਤਾਂ ਦੀ ਸਖ਼ਤੀ ਨਾਲ ਪਾਲਨਾ ਕੀਤੀ ਜਾਵੇ। ਇਸ ਸਬੰਧੀ ਅੱਜ ਤੋਂ ਬਾਅਦ ਸਖਤੀ ਨਾਲ ਚੈਕਿੰਗ ਕੀਤੀ ਜਾਵੇਗੀ।

ਪੰਜਾਬ ਸਰਕਾਰ ਦੀ ਭਾਸ਼ਾ ਨੀਤੀ ਨੂੰ ਇੰਨ-ਬਿੰਨ ਲਾਗੂ ਕਰਨ ਲਈ ਸਾਨੂੰ ਸਾਰਿਆਂ ਨੂੰ ਮਿਲ ਕੇ ਹੋਰ ਹੰਭਲੇ ਮਾਰਨ ਦੀ ਜ਼ਰੂਰਤ ਹੈ। ਇਸ ਲਈ ਮੇਰੀ ਆਪ ਜੀ ਨੂੰ ਬੇਨਤੀ ਹੈ ਕਿ ਆਪ ਆਪਣੇ ਅਧੀਨ ਅਧਿਕਾਰੀਆਂ/ਕਰਮਚਾਰੀਆਂ ਨੂੰ ਸਰਕਾਰ ਦੀਆਂ ਹਦਾਇਤਾਂ ਦੀ ਪਾਲਣਾ ਕਰਨ ਲਈ ਆਪਣੇ ਪੱਧਰ ਤੇ ਆਦੇਸ਼ ਜਾਰੀ ਕਰਨ ਦੀ ਖੇਚਲ ਕਰਨਾ ਜੀ

ਸਹਿਯੋਗ ਦੀ ਆਸ ਵਿੱਚ।

ਵਿਸ਼ਵਾਸਪਾਤਰ

ਜ਼ਿਲਾ ਭਾਸ਼ਾ ਅਫਸਰ,
ਜਲੰਧਰ।

ਦਫਤਰ ਡਿਪਟੀ ਕਮਿਸ਼ਨਰ, ਜਲੰਧਰ।
ਨੰਬਰ 6235-55 ਅ.ਸ. ਮਿਤੀ 11-12- 2014

ਉਪਰੋਕਤ ਦਾ ਇਕ ਉਤਾਰਾ:-

1. ਸਮੂਹ ਉਪ ਮੰਡਲ ਮੈਜਿਸਟਰੇਟ, ਜ਼ਿਲ੍ਹਾ ਜਲੰਧਰ।
2. ਸਮੂਹ ਤਹਿਸੀਲਦਾਰ, ਜ਼ਿਲ੍ਹਾ ਜਲੰਧਰ
3. ਸੀਨੀਅਰ ਸਹਾਇਕ, ਸਮੂਹ ਸਾਖਾਵਾਂ, ਸਦਰ ਦਫਤਰ

ਨੂੰ ਸੂਚਨਾ ਅਤੇ ਪਾਲਣਾ ਹਿੱਤ ਭੇਜਿਆ ਜਾਂਦਾ ਹੈ।

ਵਾਸਤੇ ਡਿਪਟੀ ਕਮਿਸ਼ਨਰ,
ਜਲੰਧਰ।